ਬਿਲਾਵਲੁ ਮਹਲਾ ੫ ॥ਚਰਨ ਭਏ ਸੰਤ ਬੋਹਿਥਾ ਤਰੇ ਸਾਗਰੁ ਜੇਤ ॥ ਮਾਰਗ ਪਾਏ ਉਦਿਆਨ ਮਹਿ ਗੁਰਿ ਦਸੇ ਭੇਤ ॥੧॥ ਹਰਿ ਹਰਿ ਹਰਿ ਹਰਿ ਹਰਿ ਹਰੇ ਹਰਿ ਹਰਿ ਹਰਿ ਹੇਤ ॥ ਊਠਤ ਬੈਠਤ ਸੋਵਤੇ ਹਰਿ ਹਰਿ ਹਰਿ ਚੇਤ ॥੧॥ ਰਹਾਉ ॥ ਪੰਚ ਚੋਰ ਆਗੈ ਭਗੇ ਜਬ ਸਾਧਸੰਗੇਤ ॥ ਪੂੰਜੀ ਸਾਬਤੁ ਘਣੋ ਲਾਭੁ ਗ੍ਰਿਹਿ ਸੋਭਾ ਸੇਤ ॥੨॥ ਨਿਹਚਲ ਆਸਣੁ ਮਿਟੀ ਚਿੰਤ ਨਾਹੀ ਡੋਲੇਤ ॥ ਭਰਮੁ ਭੁਲਾਵਾ ਮਿਟਿ ਗਇਆ ਪ੍ਰਭ ਪੇਖਤ ਨੇਤ ॥੩॥ ਗੁਣ ਗਭੀਰ ਗੁਨ ਨਾਇਕਾ ਗੁਣ ਕਹੀਅਹਿ ਕੇਤ ॥ ਨਾਨਕ ਪਾਇਆ ਸਾਧਸੰਗਿ ਹਰਿ ਹਰਿ ਅੰਮ੍ਰੇਤ ॥੪॥੯॥੩੯॥ {ਪੰਨਾ 810}

ਪਦਅਰਥ:- ਬੋਹਿਥਾ—ਜਹਾਜ਼। ਸਾਗਰੁ—(ਸੰਸਾਰ-) ਸਮੁੰਦਰ। ਜੇਤ—ਜਿਤੁ, ਜਿਸ (ਜਹਾਜ਼) ਦੀ ਰਾਹੀਂ। ਮਾਰਗ—ਰਸਤਾ। ਉਦਿਆਨ—ਜੰਗਲ, (ਵਿਕਾਰਾਂ ਵਲ ਲੈ ਜਾਣ ਵਾਲਾ) ਔਝੜ। ਗੁਰਿ—ਗੁਰੂ ਨੇ।1।

ਹੇਤ—ਹਿਤੁ, ਪਿਆਰ। ਚੇਤ—ਚੇਤੇ ਕਰ, ਸਿਮਰ।1। ਰਹਾਉ।

ਪੰਚ—(ਕਾਮਾਦਿਕ) ਪੰਜ। ਆਗੈ—ਟਾਕਰੇ ਤੇ। ਭਗੇ—ਦੌੜ ਜਾਂਦੇ ਹਨ। ਸੰਗੇਤ—ਸੰਗਤਿ। ਪੂੰਜੀ (ਆਤਮਕ ਜੀਵਨ ਵਾਲੀ) ਰਾਸ, ਸਰਮਾਇਆ। ਘਣੋ—ਬਹੁਤ। ਗ੍ਰਿਹਿ—ਘਰ ਵਿਚ, ਪ੍ਰਭੂ ਦੀ ਹਜ਼ੂਰੀ ਵਿਚ। ਸੇਤ—ਸੇਤੀ, ਨਾਲ।2।

ਨਿਹਚਲ—ਅਡੋਲ। ਡੋਲੇਤ—(ਵਿਕਾਰਾਂ ਵਿਚ) ਡੋਲਦਾ। ਭਰਮੁ—ਭਟਕਣਾ। ਨੇਤ—ਨੇਤ੍ਰੀ, ਅੱਖਾਂ ਨਾਲ।3।

ਗਭੀਰ—ਡੂੰਘਾ (ਸਮੁੰਦਰ)। ਗੁਣ ਨਾਇਕਾ—ਗੁਣਾਂ ਦਾ ਮਾਲਕ, ਗੁਣਾਂ ਦਾ ਖ਼ਜ਼ਾਨਾ। ਕਹੀਅਹਿ—ਕਹੇ ਜਾਂਦੇ ਹਨ। ਕਹੀਅਹਿ ਕੇਤ—ਕਿਤਨੇ ਕੁ (ਗੁਣ) ਕਹੇ ਜਾ ਸਕਣ? ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਅੰਮ੍ਰੇਤ—ਅੰਮ੍ਰਿਤ, ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਲ।4।

ਅਰਥ:- ਹੇ ਭਾਈ! ਉਠਦਿਆਂ ਬੈਠਦਿਆਂ ਸੁੱਤਿਆਂ (ਹਰ ਵੇਲੇ) ਪਰਮਾਤਮਾ ਦਾ ਨਾਮ ਯਾਦ ਕਰਿਆ ਕਰ। ਸਦਾ ਹੀ ਹਰ ਵੇਲੇ ਪਰਮਾਤਮਾ ਦੇ ਨਾਮ ਵਿਚ ਪਿਆਰ ਪਾ।1। ਰਹਾਉ।

(ਹੇ ਭਾਈ! ਜਿਸ ਮਨੁੱਖ ਨੂੰ ਹਰਿ-ਨਾਮ ਸਿਮਰਨ ਦਾ) ਭੇਤ ਗੁਰੂ ਨੇ ਦੱਸ ਦਿੱਤਾ, ਉਸ ਨੇ (ਵਿਕਾਰਾਂ ਵਲ ਲੈ ਜਾਣ ਵਾਲੇ) ਔਝੜ ਵਿਚ (ਜੀਵਨ ਦਾ ਸਹੀ) ਰਸਤਾ ਲੱਭ ਲਿਆ, ਗੁਰੂ ਦੇ ਚਰਨ (ਉਸ ਮਨੁੱਖ ਵਾਸਤੇ) ਜਹਾਜ਼ ਬਣ ਗਏ ਜਿਸ (ਜਹਾਜ਼) ਦੀ ਰਾਹੀਂ ਉਹ ਮਨੁੱਖ (ਸੰਸਾਰ-) ਸਮੁੰਦਰ ਤੋਂ ਪਾਰ ਲੰਘ ਗਿਆ।1।

(ਹੇ ਭਾਈ!) ਜਦੋਂ (ਮਨੁੱਖ) ਸਾਧ ਸੰਗਤਿ ਵਿਚ (ਜਾ ਟਿਕਦਾ ਹੈ, ਤਦੋਂ ਕਾਮਾਦਿਕ) ਪੰਜੇ ਚੋਰ ਉਸ ਦੇ ਟਾਕਰੇ ਤੋਂ ਭੱਜ ਜਾਂਦੇ ਹਨ, ਉਸ ਦੀ ਆਤਮਕ ਜੀਵਨ ਦੀ ਸਾਰੀ ਦੀ ਸਾਰੀ ਰਾਸਿ-ਪੂੰਜੀ (ਲੁੱਟੇ ਜਾਣ ਤੋਂ) ਬਚ ਜਾਂਦੀ ਹੈ, (ਸਗੋਂ ਉਸ ਨੂੰ ਇਸ ਨਾਮ-ਵਣਜ ਵਿਚ) ਬਹੁਤਾ ਨਫ਼ਾ ਭੀ ਪੈਂਦਾ ਹੈ, ਅਤੇ ਪਰਲੋਕ ਵਿਚ ਸੋਭਾ ਨਾਲ ਜਾਂਦਾ ਹੈ।2।

(ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ ਹਰ ਥਾਂ) ਅੱਖਾਂ ਨਾਲ ਪਰਮਾਤਮਾ ਦਾ ਦਰਸ਼ਨ ਕਰ ਕੇ ਉਸ ਮਨੁੱਖ ਦੀ ਭਟਕਣਾ ਮੁੱਕ ਜਾਂਦੀ ਹੈ, ਕੁਰਾਹੇ ਜਾਣ ਵਾਲੀ ਆਦਤ ਦੂਰ ਹੋ ਜਾਂਦੀ ਹੈ, (ਵਿਕਾਰਾਂ ਦੇ ਟਾਕਰੇ ਤੇ) ਉਸ ਦਾ ਹਿਰਦਾ-ਆਸਣ ਅਟੱਲ ਹੋ ਜਾਂਦਾ ਹੈ, ਉਸ ਦੀ (ਹਰੇਕ ਕਿਸਮ ਦੀ) ਚਿੰਤਾ ਮਿਟ ਜਾਂਦੀ ਹੈ, ਉਹ ਮਨੁੱਖ (ਵਿਕਾਰਾਂ ਦੇ ਸਾਹਮਣੇ) ਡੋਲਦਾ ਨਹੀਂ।3।

ਹੇ ਨਾਨਕ! ਪਰਮਾਤਮਾ ਗੁਣਾਂ ਦਾ ਅਥਾਹ ਸਮੁੰਦਰ ਹੈ, ਗੁਣਾਂ ਦਾ ਖ਼ਜ਼ਾਨਾ ਹੈ (ਬਿਆਨ ਕੀਤਿਆਂ) ਉਸ ਦੇ ਸਾਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ। ਪਰ ਜੇਹੜਾ ਮਨੁੱਖ ਸਾਧ ਸੰਗਤਿ ਵਿਚ ਟਿਕ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਲ ਪੀਂਦਾ ਹੈ, ਉਸ ਨੂੰ ਪਰਮਾਤਮਾ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ।4।9। 39।